**ਗਉੜੀ ਗੁਆਰੇਰੀ ਮਹਲਾ ੫ ॥ ਬਹੁ ਰੰਗ ਮਾਇਆ ਬਹੁ ਬਿਧਿ ਪੇਖੀ ॥ ਕਲਮ ਕਾਗਦ ਸਿਆਨਪ ਲੇਖੀ ॥ ਮਹਰ ਮਲੂਕ ਹੋਇ ਦੇਖਿਆ ਖਾਨ ॥ ਤਾ ਤੇ ਨਾਹੀ ਮਨੁ ਤ੍ਰਿਪਤਾਨ ॥੧॥ ਸੋ ਸੁਖੁ ਮੋ ਕਉ ਸੰਤ ਬਤਾਵਹੁ ॥ ਤ੍ਰਿਸਨਾ ਬੂਝੈ ਮਨੁ ਤ੍ਰਿਪਤਾਵਹੁ ॥੧॥ ਰਹਾਉ ॥ ਅਸੁ ਪਵਨ ਹਸਤਿ ਅਸਵਾਰੀ ॥ ਚੋਆ ਚੰਦਨੁ ਸੇਜ ਸੁੰਦਰਿ ਨਾਰੀ ॥ ਨਟ ਨਾਟਿਕ ਆਖਾਰੇ ਗਾਇਆ ॥ ਤਾ ਮਹਿ ਮਨਿ ਸੰਤੋਖੁ ਨ ਪਾਇਆ ॥੨॥ ਤਖਤੁ ਸਭਾ ਮੰਡਨ ਦੋਲੀਚੇ ॥ ਸਗਲ ਮੇਵੇ ਸੁੰਦਰ ਬਾਗੀਚੇ ॥ ਆਖੇੜ ਬਿਰਤਿ ਰਾਜਨ ਕੀ ਲੀਲਾ ॥ ਮਨੁ ਨ ਸੁਹੇਲਾ ਪਰਪੰਚੁ ਹੀਲਾ ॥੩॥ ਕਰਿ ਕਿਰਪਾ ਸੰਤਨ ਸਚੁ ਕਹਿਆ ॥ ਸਰਬ ਸੂਖ ਇਹੁ ਆਨੰਦੁ ਲਹਿਆ ॥ ਸਾਧਸੰਗਿ ਹਰਿ ਕੀਰਤਨੁ ਗਾਈਐ ॥ ਕਹੁ ਨਾਨਕ ਵਡਭਾਗੀ ਪਾਈਐ ॥੪॥ ਜਾ ਕੈ ਹਰਿ ਧਨੁ ਸੋਈ ਸੁਹੇਲਾ ॥ ਪ੍ਰਭ ਕਿਰਪਾ ਤੇ ਸਾਧਸੰਗਿ ਮੇਲਾ ॥੧॥ ਰਹਾਉ ਦੂਜਾ ॥੧੨॥੮੧॥** {ਪੰਨਾ 179}

ਪਦਅਰਥ:- ਬਿਧਿ—ਤਰੀਕਾ, ਢੰਗ। ਪੇਖੀ—ਮੈਂ ਵੇਖੀ। ਲੇਖੀ—ਲਿਖੀ। ਮਹਰ—ਚੌਧਰੀ। ਮਲੂਕ—ਬਾਦਸ਼ਾਹ। ਹੋਇ—ਬਣ ਕੇ। ਤਾ ਤੇ—ਉਸ ਨਾਲ।1।

ਮੋ ਕਉ—ਮੈਨੂੰ। ਸੰਤ—ਹੇ ਸੰਤ! ਤ੍ਰਿਪਤਾਵਹੁ—ਤ੍ਰਿਪਤ ਕਰੋ, ਸੰਤੋਖੀ ਬਣਾਓ।1। ਰਹਾਉ।

ਅਸੁ—ਘੋੜੇ {ਅਸ਼੍ਵ}। ਅਸੁ ਪਵਨ—ਹਵਾ ਵਰਗੇ ਤੇਜ਼ ਘੋੜੇ {ਨੋਟ:- ਲਫ਼ਜ਼ 'ਅਸੁ' ਦਾ ◌੍ ਸੰਸਕ੍ਰਿਤ ਲਫ਼ਜ਼ 'ਅਸ਼੍ਵ' ਦੇ 'ਵ' ਦਾ ਰੂਪਾਂਤਰ ਹੈ। ਸੋ, 'ਅਸੁ' ਇਕ-ਵਚਨ ਭੀ ਹੈ ਤੇ ਬਹੁ-ਵਚਨ ਭੀ)। ਹਸਤਿ—(ਹਸ੍ਤਿਨੑ) ਹਾਥੀ। ਚੋਆ—ਅਤਰ। ਸੁੰਦਰਿ—ਸੁੰਦਰੀ, ਸੋਹਣੀ। ਨਟ—ਤਮਾਸ਼ਾ ਕਰਨ ਵਾਲੇ। ਆਖਾਰੇ—ਰੰਗ-ਭੂਮੀ। ਮਨਿ—ਮਨ ਨੇ।2।

ਮੰਡਨ—ਸਜਾਵਟ। ਸਗਲ—ਸਾਰੇ। ਆਖੇੜ—ਸ਼ਿਕਾਰ। ਬਿਰਤਿ—ਰੁਚੀ। ਲੀਲਾ—ਖੇਡ। ਸੁਹੇਲਾ—ਸੌਖਾ। ਪਰਪੰਚੁ—ਛਲ। ਹੀਲਾ—ਉੱਦਮ, ਜਤਨ।3।

ਜਾ ਕੈ—ਜਿਸ ਦੇ ਹਿਰਦੇ ਵਿਚ। ਰਹਾਉ ਦੂਜਾ {ਨੋਟ:- ਪਹਿਲੇ 'ਰਹਾਉ' ਵਿਚ ਪ੍ਰਸ਼ਨ ਕੀਤਾ ਹੈ, ਦੂਜੇ ਵਿਚ ਉਸ ਦਾ ਉੱਤਰ ਹੈ}।

ਅਰਥ:- ਹੇ ਸੰਤ ਜਨੋ! ਮੈਨੂੰ ਉਹ ਆਤਮਕ ਆਨੰਦ ਦੱਸੋ (ਜਿਸ ਨਾਲ ਮੇਰੀ ਮਾਇਆ ਦੀ) ਤ੍ਰਿਸ਼ਨਾ ਮਿਟ ਜਾਏ। ਹੇ ਸੰਤ ਜਨੋ! ਮੇਰੇ ਮਨ ਨੂੰ ਸੰਤੋਖੀ ਬਣਾ ਦਿਓ।1। ਰਹਾਉ।

ਮੈਂ ਬਹੁਤ ਰੰਗਾਂ ਵਾਲੀ ਮਾਇਆ ਕਈ ਤਰੀਕਿਆਂ ਨਾਲ ਮੋਹਦੀ ਵੇਖੀ ਹੈ। ਕਾਗ਼ਜ਼ ਕਲਮ (ਲੈ ਕੇ ਕਈਆਂ ਨੇ) ਅਨੇਕਾਂ ਵਿਦਵਤਾ ਵਾਲੇ ਲੇਖ ਲਿਖੇ ਹਨ (ਮਾਇਆ ਉਹਨਾਂ ਨੂੰ ਵਿਦਵਤਾ ਦੇ ਰੂਪ ਵਿਚ

ਮੋਹ ਰਹੀ ਹੈ)। (ਕਈਆਂ ਨੇ) ਚੌਧਰੀ ਸੁਲਤਾਨ ਖਾਨ ਬਣ ਕੇ ਵੇਖ ਲਿਆ ਹੈ। ਇਹਨਾਂ ਨਾਲ (ਕਿਸੇ ਦਾ) ਮਨ ਤ੍ਰਿਪਤ ਨਹੀਂ ਹੋ ਸਕਿਆ।1।

ਹਾਥੀਆਂ ਦੀ ਤੇ ਹਵਾ ਵਰਗੇ ਤੇਜ਼ ਘੋੜਿਆਂ ਦੀ ਸਵਾਰੀ (ਕਈਆਂ ਨੇ ਕਰ ਵੇਖੀ ਹੈ), ਅਤਰ ਤੇ ਚੰਦਨ (ਵਰਤ ਵੇਖਿਆ ਹੈ), ਸੁੰਦਰ ਇਸਤ੍ਰੀ ਦੀ ਸੇਜ (ਮਾਣ ਵੇਖੀ) ਹੈ, ਮੈਂ ਰੰਗ-ਭੂਮੀ ਵਿਚ ਨਟਾਂ ਦੇ ਨਾਟਕ ਵੇਖੇ ਹਨ, ਤੇ ਉਹਨਾਂ ਦੇ ਗੀਤ ਗਾਏ ਹੋਏ ਸੁਣੇ ਹਨ। ਇਹਨਾਂ ਵਿਚ ਰੁੱਝ ਕੇ ਭੀ (ਕਿਸੇ ਦੇ) ਮਨ ਨੇ ਸ਼ਾਂਤੀ ਪ੍ਰਾਪਤ ਨਹੀਂ ਕੀਤੀ।2।

ਰਾਜ-ਦਰਬਾਰ ਦੀਆਂ ਸਜਾਵਟਾਂ, ਤਖ਼ਤ (ਉਤੇ ਬੈਠਣਾ), ਦੁਲੀਚੇ, ਸਭ ਕਿਸਮਾਂ ਦੇ ਫਲ, ਸੁੰਦਰ ਫੁਲਵਾੜੀਆਂ, ਸ਼ਿਕਾਰ ਖੇਡਣ ਵਾਲੀ ਰੁਚੀ, ਰਾਜਿਆਂ ਦੀਆਂ ਖੇਡਾਂ—(ਇਹਨਾਂ ਸਭਨਾਂ ਨਾਲ ਭੀ) ਮਨ ਸੁਖੀ ਨਹੀਂ ਹੁੰਦਾ। ਇਹ ਸਾਰਾ ਜਤਨ ਛਲ ਹੀ ਸਾਬਤ ਹੁੰਦਾ ਹੈ।3।

(ਦੁਨੀਆ ਦੇ ਰੰਗ-ਤਮਾਸ਼ਿਆਂ ਵਿਚੋਂ ਸੁਖ ਭਾਲਦੇ ਨੂੰ) ਸੰਤਾਂ ਨੇ ਮੇਹਰ ਕਰ ਕੇ ਸੱਚ ਦੱਸਿਆ ਕਿ ਸਾਧ ਸੰਗਤਿ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣੇ ਚਾਹੀਦੇ ਹਨ (ਸਿਰਫ਼ ਇਸੇ ਉੱਦਮ ਨਾਲ ਹੀ) ਸਾਰੇ ਸੁਖਾਂ ਦਾ ਮੂਲ ਇਹ ਆਤਮਕ ਆਨੰਦ ਮਿਲਦਾ ਹੈ। ਪਰ, ਹੇ ਨਾਨਕ! ਆਖ— ਸਿਫ਼ਤਿ-ਸਾਲਾਹ ਦੀ ਇਹ ਦਾਤਿ ਵੱਡੇ ਭਾਗਾਂ ਨਾਲ ਮਿਲਦੀ ਹੈ।4।

ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਧਨ ਮੌਜੂਦ ਹੈ ਉਹੀ ਸੌਖਾ ਹੈ। ਸਾਧ ਸੰਗਤਿ ਵਿਚ ਮਿਲ ਬੈਠਣਾ ਪਰਮਾਤਮਾ ਦੀ ਕਿਰਪਾ ਨਾਲ ਹੀ ਨਸੀਬ ਹੁੰਦਾ ਹੈ।1। ਰਹਾਉ ਦੂਜਾ।